ਰਾਮਕਲੀ ਮਹਲਾ ੫ ॥ ਰਤਨ ਜਵੇਹਰ ਨਾਮ ॥ ਸਤੁ ਸੰਤੋਖੁ ਗਿਆਨ ॥ ਸੂਖ ਸਹਜ ਦਇਆ ਕਾ ਪੋਤਾ ॥ ਹਰਿ ਭਗਤਾ ਹਵਾਲੈ ਹੋਤਾ ॥੧॥ ਮੇਰੇ ਰਾਮ ਕੋ ਭੰਡਾਰੁ ॥ ਖਾਤ ਖਰਚਿ ਕਛੁ ਤੋਟਿ ਨ ਆਵੈ ਅੰਤੁ ਨਹੀ ਹਰਿ ਪਾਰਾਵਾਰੁ ॥੧॥ ਰਹਾਉ ॥ ਕੀਰਤਨੁ ਨਿਰਮੋਲਕ ਹੀਰਾ ॥ ਆਨੰਦ ਗੁਣੀ ਗਹੀਰਾ ॥ ਅਨਹਦ ਬਾਣੀ ਪੂੰਜੀ ॥ ਸੰਤਨ ਹਥਿ ਰਾਖੀ ਕੂੰਜੀ ॥੨॥ ਸੁੰਨ ਸਮਾਧਿ ਗੁਫਾ ਤਹ ਆਸਨੁ ॥ ਕੇਵਲ ਬ੍ਰਹਮ ਪੂਰਨ ਤਹ ਬਾਸਨੁ ॥ ਭਗਤ ਸੰਗਿ ਪ੍ਰਭੁ ਗੋਸਟਿ ਕਰਤ ॥ ਤਹ ਹਰਖ ਨ ਸੋਗ ਨ ਜਨਮ ਨ ਮਰਤ ॥੩॥ ਕਰਿ ਕਿਰਪਾ ਜਿਸੁ ਆਪਿ ਦਿਵਾਇਆ ॥ ਸਾਧਸੰਗਿ ਤਿਨਿ ਹਰਿ ਧਨੁ ਪਾਇਆ ॥ ਦਇਆਲ ਪੁਰਖ ਨਾਨਕ ਅਰਦਾਸਿ ॥ ਹਰਿ ਮੇਰੀ ਵਰਤਣਿ ਹਰਿ ਮੇਰੀ ਰਾਸਿ ॥ ੪॥੨੪॥੩੫॥

{ਪੰਨਾ 893-894}

ਪਦਅਰਥ:- ਸਤੁ—ਦਾਨ, ਸੇਵਾ। ਗਿਆਨ—ਪਰਮਾਤਮਾ ਨਾਲ ਜਾਣ-ਪਛਾਣ, ਉੱਚੇ ਆਤਮਕ ਜੀਵਨ ਦੀ ਸੂਝ। ਸਹਜ—ਆਤਮਕ ਅਡੋਲਤਾ। ਪੋਤਾ—ਪੋਤਹ, ਖ਼ਜ਼ਾਨਾ। ਭਗਤਾ ਹਵਾਲੈ—ਭਗਤਾਂ ਦੇ ਵੱਸ ਵਿਚ।1।

ਕੋ—ਦਾ। ਭੰਡਾਰੁ—ਖ਼ਜ਼ਾਨਾ। ਖਾਤ—ਖਾਂਦਿਆਂ। ਖਰਚਿ—ਖ਼ਰਚ ਕੇ, ਵਰਤ ਕੇ। ਤੋਟਿ—ਕਮੀ। ਪਾਰਾਵਾਰੁ—{ਪਾਰ-ਅਵਾਰ} ਪਾਰਲਾ ਤੇ ਉਰਲਾ ਬੰਨਾ।1। ਰਹਾਉ।

ਨਿਰਮੋਲਕ—ਜਿਸ ਦਾ ਮੁੱਲ ਨਾਹ ਪਾਇਆ ਜਾ ਸਕੇ। ਗੁਣੀ—ਗੁਣਾਂ ਦਾ ਮਾਲਕ ਪ੍ਰਭੂ। ਗਹੀਰਾ—ਡੂੰਘਾ, ਸਮੁੰਦਰ। ਅਨਹਦ {An`hq} ਬਿਨਾ ਵਜਾਏ ਵੱਜਣ ਵਾਲੀ, ਇੱਕ-ਰਸ ਜਾਰੀ ਰਹਿਣ ਵਾਲੀ। ਬਾਣੀ—ਸਿਫ਼ਤਿ-ਸਾਲਾਹ ਦੀ ਰੌ। ਪੂੰਜੀ—ਸਰਮਾਇਆ, ਰਾਸ। ਸੰਤਨ ਹਥਿ—ਸੰਤਾਂ ਦੇ ਹੱਥ ਵਿਚ। ਕੂੰਜੀ—ਕੁੰਜੀ।2।

ਸੁੰਨ—ਸੁੰਞ, ਫੁਰਨਿਆਂ ਦਾ ਅਭਾਵ, ਜਿੱਥੇ ਕੋਈ ਮਾਇਕ ਫੁਰਨਾ ਨਾਹ ਉੱਠੇ। ਤਹ—ਉਥੇ, ਉਸ ਹਿਰਦੇ ਵਿਚ। ਗੁਫਾ ਆਸਨੁ—ਗੁਫ਼ਾ ਵਿਚ ਟਿਕਾਣਾ। ਬਾਸਨੁ—ਵਾਸ। ਸੰਗਿ—ਨਾਲ। ਗੋਸਟਿ—ਮਿਲਾਪ। ਹਰਖ—ਖ਼ੁਸ਼ੀ। ਸੋਗ—ਗ਼ਮ। ਮਰਤ ਮੌਤ।3।

ਕਰਿ—ਕਰ ਕੇ। ਜਿਸੁ—ਜਿਸ ਮਨੁੱਖ ਨੂੰ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਤਿਨਿ—ਉਸ (ਮਨੁੱਖ) ਨੇ। ਦਇਆਲ—ਹੇ ਦਇਆ ਦੇ ਘਰ ਪ੍ਰਭੂ! ਨਾਨਕ ਅਰਦਾਸਿ—ਨਾਨਕ ਦੀ ਅਰਜ਼ੋਈ। ਵਰਤਣਿ—ਹਰ ਵੇਲੇ ਵਰਤੀ ਜਾਣ ਵਾਲੀ ਸ਼ੈ। ਰਾਸਿ—ਪੂੰਜੀ, ਸਰਮਾਇਆ।4।

ਅਰਥ:- (ਹੇ ਭਾਈ!) ਪਿਆਰੇ ਪ੍ਰਭੂ ਦਾ ਖ਼ਜ਼ਾਨਾ (ਐਸਾ ਹੈ ਕਿ ਉਸ ਨੂੰ) ਆਪ ਵਰਤਦਿਆਂ ਤੇ ਹੋਰਨਾਂ ਨੂੰ ਵੰਡਦਿਆਂ (ਉਸ ਵਿਚ) ਕਮੀ ਨਹੀਂ ਆਉਂਦੀ। ਉਸ ਪਰਮਾਤਮਾ ਦੇ ਖ਼ਜ਼ਾਨੇ ਦਾ ਅੰਤ ਨਹੀਂ ਲੱਭਦਾ, ਉਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭਦਾ।1। ਰਹਾਉ।

(ਹੇ ਭਾਈ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਨਾਮ (ਹੀ) ਰਤਨ ਤੇ ਜਵਾਹਰਾਤ ਹਨ, ਉਸ ਵਿਚ ਸਤ ਸੰਤੋਖ ਤੇ ਉੱਚੇ ਆਤਮਕ ਜੀਵਨ ਦੀ ਸੂਝ ਕੀਮਤੀ ਪਦਾਰਥ ਹਨ। ਉਹ ਖ਼ਜ਼ਾਨਾ ਸੁਖ, ਆਤਮਕ ਅਡੋਲਤਾ ਤੇ ਦਇਆ ਦਾ ਸੋਮਾ ਹੈ। ਪਰ ਉਹ ਖ਼ਜ਼ਾਨਾ ਪਰਮਾਤਮਾ ਦੇ ਭਗਤਾਂ ਦੇ ਸਪੁਰਦ ਹੋਇਆ ਹੋਇਆ ਹੈ।1।

(ਹੇ ਭਾਈ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਕੀਰਤਨ ਇਕ ਅਜਿਹਾ ਹੀਰਾ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ (ਉਸ ਕੀਰਤਨ ਦੀ ਬਰਕਤਿ ਨਾਲ) ਗੁਣਾਂ ਦੇ ਮਾਲਕ ਸਮੁੰਦਰ-ਪ੍ਰਭੂ (ਦੇ ਮਿਲਾਪ) ਦਾ ਆਨੰਦ (ਪ੍ਰਾਪਤ ਹੁੰਦਾ ਹੈ)। (ਕੀਰਤਨ ਦੀ ਬਰਕਤ ਨਾਲ ਪੈਦਾ ਹੋਈ) ਇੱਕ-ਰਸ ਜਾਰੀ ਰਹਿਣ ਵਾਲੀ ਸਿਫ਼ਤਿ-ਸਾਲਾਹ ਦੀ ਰੌ (ਉਸ ਖ਼ਜ਼ਾਨੇ ਵਿਚ ਮਨੁੱਖ ਲਈ) ਸਰਮਾਇਆ ਹੈ। (ਪਰ ਪਰਮਾਤਮਾ ਨੇ ਇਸ ਖ਼ਜ਼ਾਨੇ ਦੀ) ਕੁੰਜੀ ਸੰਤਾਂ ਦੇ ਹੱਥ ਵਿਚ ਰੱਖੀ ਹੋਈ ਹੈ।2।

(ਹੇ ਭਾਈ! ਜਿਸ ਹਿਰਦੇ-ਘਰ ਵਿਚ ਉਹ ਖ਼ਜ਼ਾਨਾ ਆ ਵੱਸਦਾ ਹੈ) ਉਥੇ ਐਸੀ ਸਮਾਧੀ ਬਣੀ ਰਹਿੰਦੀ ਹੈ ਜਿਸ ਵਿਚ ਕੋਈ ਮਾਇਕ ਫੁਰਨਾ ਨਹੀਂ ਉੱਠਦਾ, (ਪਹਾੜਾਂ ਦੀਆਂ ਕੰਦ੍ਰਾਂ ਦੇ ਥਾਂ ਉਸ ਹਿਰਦੇ-) ਗੁਫ਼ਾ ਵਿਚ ਮਨੁੱਖ ਦੀ ਸੁਰਤੀ ਟਿਕੀ ਰਹਿੰਦੀ ਹੈ, ਉਸ ਹਿਰਦੇ-ਘਰ ਵਿਚ ਸਿਰਫ਼ ਪੂਰਨ ਪਰਮਾਤਮਾ ਦਾ ਨਿਵਾਸ ਬਣਿਆ ਰਹਿੰਦਾ ਹੈ। (ਜਿਸ ਭਗਤ ਦੇ ਹਿਰਦੇ ਵਿਚ ਉਹ ਖ਼ਜ਼ਾਨਾ ਪਰਗਟ ਹੋ ਪੈਂਦਾ ਹੈ ਉਸ) ਭਗਤ ਨਾਲ ਪ੍ਰਭੂ ਮਿਲਾਪ ਬਣਾ ਲੈਂਦਾ ਹੈ, ਉਸ ਹਿਰਦੇ ਵਿਚ ਖ਼ੁਸ਼ੀ ਗ਼ਮੀ ਜਨਮ-ਮਰਨ (ਦੇ ਗੇੜ ਦੇ ਡਰ) ਦਾ ਕੋਈ ਅਸਰ ਨਹੀਂ ਹੁੰਦਾ।3।

(ਪਰ, ਹੇ ਭਾਈ! ਸਿਰਫ਼) ਉਸ ਮਨੁੱਖ ਨੇ ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਨਾਮ-ਧਨ ਲੱਭਾ ਹੈ ਜਿਸ ਨੂੰ ਪ੍ਰਭੂ ਨੇ ਆਪ ਕਿਰਪਾ ਕਰ ਕੇ ਇਹ ਧਨ ਦਿਵਾਇਆ ਹੈ। ਹੇ ਦਇਆ ਦੇ ਸੋਮੇ ਅਕਾਲ ਪੁਰਖ! (ਤੇਰੇ ਸੇਵਕ) ਨਾਨਕ ਦੀ ਭੀ ਇਹੀ ਅਰਜ਼ੋਈ ਹੈ ਕਿ ਤੇਰਾ ਨਾਮ ਮੇਰਾ ਸਰਮਾਇਆ ਬਣਿਆ ਰਹੇ, ਤੇਰਾ ਨਾਮ ਮੇਰੀ ਹਰ ਵੇਲੇ ਦੀ ਵਰਤਣ ਵਾਲੀ ਸ਼ੈ ਬਣੀ ਰਹੇ।4। 24। 35।